15ਵੀਂ ਵਿਧਾਨ ਸਭਾ
ਦੂਜਾ ਸਮਾਗਮ

# ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ: 2

ਵੀਰਵਾਰ, 15 ਜੂਨ, 2017
(10.00 ਵਜੇ ਸਵੇਰ ਤੋਂ 12.47 ਵਜੇ ਬਾਅਦ ਦੁਪਹਿਰ ਤੱਕ)

1. **ਅਕਾਲ ਚਲਾਣੇ ਦਾ ਵਰਣਨ :**

ਮਾਨਯੋਗ ਸਪੀਕਰ ਵੱਲੋਂ ਪ੍ਰੋ. ਅਜਮੇਰ ਸਿੰਘ ਔਲਖ, ਉੱਘੇ ਪੰਜਾਬੀ ਨਾਟਕਕਾਰ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ ਅਤੇ ਅਜਿਹਾ ਕਰਦੇ ਹੋਏ ਉਹ ਦੋ ਮਿੰਟ ਲਈ ਬੋਲੇ। ਉਨ੍ਹਾਂ ਵੱਲੋਂ ਸਦਨ ਨੂੰ ਸੂਚਿਤ ਕੀਤਾ ਗਿਆ ਕਿ ਸਵਰਗਵਾਸੀ ਦੇ ਦੁਖੀ ਪਰਿਵਾਰ ਨੂੰ ਸ਼ੋਕ ਸੁਨੇਹਾ ਭੇਜ ਦਿੱਤਾ ਜਾਵੇਗਾ।

ਸਦਨ ਨੇ ਵਿਛੜੀ ਰੂਹ ਦੀ ਯਾਦ ਵਿੱਚ ਸਤਿਕਾਰ ਵਜੋਂ ਦੋ ਮਿੰਟ ਲਈ ਮੌਨ ਧਾਰਨ ਕੀਤਾ।

2. **ਪ੍ਰਸ਼ਨ**

(ੳ) **ਨਿਸ਼ਾਨ ਵਾਲੇ ਪ੍ਰਸ਼ਨ:**

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 15 | 5 | – | – | 23 |

(ਅ) **ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 20**

3. **ਵਾਕ ਆਊਟ**

ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਹਾਜ਼ਰ ਮੈਂਬਰ ਕਿਸਾਨਾਂ ਦੀ ਮਾੜੀ ਹਾਲਤ ਬਾਰੇ ਦਿੱਤੇ ਗਏ ਕੰਮ ਰੋਕੂ ਪ੍ਰਸਤਾਵ ਨੂੰ ਅਪ੍ਰਵਾਨ ਕੀਤੇ ਜਾਣ ਦੇ ਵਿਰੋਧ ਵਿੱਚ ਸਰਕਾਰ ਵਿਰੋਧੀ ਨਾਅਰੇ ਲਗਾਉਂਦੇ ਹੋਏ ਸਦਨ ਵਿੱਚੋਂ ਵਾਕ ਆਊਟ ਕਰ ਗਏ।

4. **ਮਾਨਯੋਗ ਸਪੀਕਰ ਦੁਆਰਾ ਸਭਾਪਤੀ ਨਾਮਾਵਲੀ ਸਬੰਧੀ ਐਲਾਨ:**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 13 (1) ਅਧੀਨ ਨਿਮਨਲਿਖਤ ਮਾਨਯੋਗ ਮੈਂਬਰਾਂ ਨੂੰ ਸਭਾਪਤੀ ਨਾਮਾਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

1. ਸਰਦਾਰ ਸੁਖਜਿੰਦਰ ਸਿੰਘ ਰੰਧਾਵਾ
2. ਸਰਦਾਰ ਪਰਗਟ ਸਿੰਘ
3. ਸ੍ਰੀ ਅਮਨ ਅਰੋੜਾ
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

5. **ਸਕੱਤਰ ਦੁਆਰਾ ਐਲਾਨ:**

ਸਕੱਤਰ ਵੱਲੋਂ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ ਪਹਿਲੇ ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

6. **ਧਿਆਨ ਦਿਵਾਊ ਨੋਟਿਸ**

ਧਿਆਨ ਦਿਵਾਊ ਨੋਟਿਸ ਨੰ. 2 ਪੇਸ਼ ਨਹੀਂ ਕੀਤਾ ਗਿਆ।

7. **ਧਰਨਾ**

ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਹਾਜ਼ਰ ਮੈਂਬਰ, ਇੱਕ ਮੰਤਰੀ ਵਿਰੁੱਧ ਅਪਸ਼ਬਦ ਬੋਲਣ ਦਾ ਇਲਜ਼ਾਮ ਲਗਾਉਂਦੇ ਹੋਏ ਅਤੇ ਇਸ ਸਬੰਧੀ ਮੁਆਫੀ ਮੰਗਣ ਦੀ ਮੰਗ ਕਰਦੇ ਹੋਏ ਸਦਨ ਵਿੱਚ ਧਰਨੇ ਤੇ ਬੈਠ ਗਏ।

ਜਾਰੀ/.....2

8. **ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ 15 ਜੂਨ, 2017 ਤੋਂ 23 ਜੂਨ, 2017 ਤੱਕ ਕੀ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

> "ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

9. **ਮੇਜ਼ ਤੇ ਮੁੜ ਰੱਖੇ ਜਾਣ / ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: V ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 2 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

10. **ਮੈਂਬਰਾਂ ਨੂੰ ਬਾਹਰ ਜਾਣ ਲਈ ਕਹਿਣਾ**

ਮਾਨਯੋਗ ਸਪੀਕਰ ਵੱਲੋਂ ਆਮ ਆਦਮੀ ਪਾਰਟੀ ਅਤੇ ਲੋਕ ਇਨਸਾਫ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰਾਂ ਦੇ ਸਖਤ ਗੜਬੜ ਵਾਲੇ ਵਤੀਰੇ ਕਾਰਨ ਉਨ੍ਹਾਂ ਨੂੰ ਸਦਨ ਵਿੱਚੋਂ ਬਾਹਰ ਜਾਣ ਲਈ ਕਿਹਾ ਗਿਆ ਪਰੰਤੂ ਮੈਂਬਰਾਂ ਵੱਲੋਂ ਅਜਿਹਾ ਨਾ ਕੀਤੇ ਜਾਣ ਤੇ ਮਾਨਯੋਗ ਸਪੀਕਰ ਵੱਲੋਂ ਮਾਰਸ਼ਲ ਨੂੰ ਉਨ੍ਹਾਂ ਨੂੰ ਹਾਊਸ ਵਿੱਚੋਂ ਬਾਹਰ ਕੱਢਣ ਦੇ ਹੁਕਮ ਕੀਤੇ ਗਏ।

11. **ਮੈਂਬਰ ਨੂੰ ਸਮਾਗਮ ਦੇ ਬਾਕੀ ਰਹਿੰਦੇ ਸਮੇਂ ਲਈ ਮੁਅੱਤਲ ਕਰਨਾ**

ਮਾਨਯੋਗ ਸਪੀਕਰ ਦੁਆਰਾ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ., ਲੋਕ ਇਨਸਾਫ ਪਾਰਟੀ ਨੂੰ ਦੋ ਵਾਰ ਸਦਨ ਵਿੱਚੋਂ ਬਾਹਰ ਜਾਣ ਲਈ ਕਹੇ ਜਾਣ ਦੇ ਬਾਵਜੂਦ ਉਨ੍ਹਾਂ ਵੱਲੋਂ ਇਤਰਾਜ਼ਯੋਗ ਕਾਰਵਾਈ ਜਾਰੀ ਰੱਖੇ ਜਾਣ ਕਾਰਨ ਉਨ੍ਹਾਂ ਨੂੰ ਸਮਾਗਮ ਦੇ ਬਾਕੀ ਰਹਿੰਦੇ ਸਮੇਂ ਲਈ ਸਦਨ ਦੀਆਂ ਸੇਵਾਵਾਂ ਤੋਂ ਮੁਅੱਤਲ ਕਰ ਦਿੱਤਾ ਗਿਆ।

12. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ**

ਮਾਨਯੋਗ ਸਪੀਕਰ ਵੱਲੋਂ ਸਦਨ 10.15 ਵਜੇ ਸਵੇਰ ਤੋਂ 10.45 ਵਜੇ ਸਵੇਰ ਤੱਕ, 11.59 ਵਜੇ ਸਵੇਰ ਤੋਂ 12.29 ਵਜੇ ਬਾਅਦ ਦੁਪਹਿਰ ਤੱਕ ਸਥਗਿਤ ਕੀਤਾ ਗਿਆ।

13. **ਮਤਾ**

ਸਰਦਾਰ ਹਰਦਿਆਲ ਸਿੰਘ ਕੰਬੋਜ, ਐਮ.ਐਲ.ਏ. ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਅਤੇ ਮਤਾ ਪੇਸ਼ ਕਰਦੇ ਹੋਏ ਉਹ 10 ਮਿੰਟ ਲਈ ਬੋਲੇ:-

> "ਇਹ ਸਦਨ ਰਾਜ ਸਰਕਾਰ ਦੁਆਰਾ ਕਣਕ ਦੀ ਖਰੀਦ ਲਈ ਅਤੇ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦੀ ਸਮੇਂ ਸਿਰ ਅਦਾਇਗੀ ਲਈ ਬਿਨਾਂ ਕਿਸੇ ਤੰਗੀ ਤੋਂ ਕੀਤੇ ਗਏ ਪ੍ਰਬੰਧਾਂ ਦੀ ਭਰਪੂਰ ਸ਼ਲਾਘਾ ਕਰਦਾ ਹੈ।"

ਇਸ ਉਪਰੰਤ ਸਦਨ ਸ਼ੁੱਕਰਵਾਰ ਮਿਤੀ 16 ਜੂਨ, 2017 ਦੇ 10.00 ਵਜੇ ਸਵੇਰ ਤੱਕ ਸਥਗਿਤ ਹੋ ਗਿਆ।

ਚੰਡੀਗੜ੍ਹ:
ਮਿਤੀ 15 ਜੂਨ, 2017

17/1/22
Principal Chief Reporter
Punjab Vidhan Sabha
Chandigrah

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ।